ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਸਮੇਂ ਸਿਰ ਕਰਵਾਈ ਜਾ ਰਹੀ ਹੈ ਲਿਫਟਿੰਗ ਤੇ ਕਿਸਾਨਾਂ ਨੂੰ ਅਦਾਇਗੀ-ਈਸ਼ਾ ਕਾਲੀਆ

## 269861 ਮੀਟ੍ਰਿਕ ਟਨ ਝੋਨੇ ਦੀ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਕੀਤੀ ਗਈ ਖਰੀਦ

## ਜ਼ਿਲ੍ਹੇ ਦੀਆਂ ਮੰਡੀਆਂ 'ਚ ਹੁਣ ਤੱਕ 271840 ਮੀਟ੍ਰਿਕ ਟਨ ਝੋਨੇ ਦੀ ਹੋਈ ਆਮਦ

ਫਾਜ਼ਿਲਕਾ 1 ਨਵੰਬਰ

ਡਿਪਟੀ ਕਮਿਸਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖਰੀਦ ਦਾ ਕੰਮ ਸਮੂਹ ਮੰਡੀਆਂ ਵਿੱਚ ਨਿਰਵਿਘਨ ਚੱਲ ਰਿਹਾ ਤੇ ਕਿਸਾਨਾਂ ਨੂੰ ਅਦਾਇਗੀ ਵੀ ਸਮੇਂ ਸਿਰ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 271840 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਅਤੇ 269861 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦੱਸਿਆ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਝੋਨੇ ਦੀ ਖਰੀਦ ਸਮੇਂ ਕਿਸੇ ਕਿਸਮ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ ਕੀਤੀ, ਤਾਂ ਜੋ ਉਨ੍ਹਾਂ ਨੂੰ ਆਪਣੀ ਢੇਰੀ ਵੇਚਣ ਲਈ ਮੰਡੀਆਂ ਵਿੱਚ ਜ਼ਿਆਦਾ ਦੇਰ ਰੁਕਣਾ ਨਾ ਪਵੇ। ਇਸ ਦੇ ਨਾਲ-ਨਾਲ ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਫਸਲ ਪੱਕਣ ਉਪਰੰਤ ਹੀ ਮੰਡੀਆਂ ਵਿੱਚ ਲਿਆਈ ਜਾਵੇ।

ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ੍ਰੀਮਤੀ ਗੀਤੂ ਬਿਸ਼ੰਬੂ ਨੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੇ ਗਏ ਝੋਨੇ ਦਾ ਵੇਰਵਾ ਦਿੰਦਿਆਂ ਦੱਸਿਆ ਕਿ ਹੁਣ ਤੱਕ ਪਨਗ੍ਰੇਨ ਵੱਲੋ 55946 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 48045 ਮੀਟ੍ਰਿਕ ਟਨ, ਪਨਸਪ ਵੱਲੋਂ 78363 ਮੀਟ੍ਰਿਕ ਟਨ, ਵੇਅਰਹਾਉਸ ਵੱਲੋਂ 30454 ਮੀਟ੍ਰਿਕ ਟਨ, ਪੰਜਾਬ ਐਗਰੋ ਵੱਲੋਂ 23752 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 19 ਮੀਟ੍ਰਿਕ ਟਨ ਅਤੇ ਪ੍ਰਾਇਵੇਟ ਵਪਾਰੀਆਂ ਵੱਲੋਂ 33282 ਮੀਟ੍ਰਿਕ ਟਨ ਝੋਨਾ ਖਰੀਦ ਕੀਤਾ ਗਿਆ।